ਦੇਵਗੰਧਾਰੀ ਮਹਲਾ ੫ ॥ ਠਾਕੁਰ ਹੋਏ ਆਪਿ ਦਇਆਲ ॥ ਭਈ ਕਲਿਆਣ ਅਨੰਦ ਰੂਪ ਹੋਈ ਹੈ ਉਬਰੇ ਬਾਲ ਗੁਪਾਲ ॥ ਰਹਾਉ ॥ ਦੁਇ ਕਰ ਜੋੜਿ ਕਰੀ ਬੇਨੰਤੀ ਪਾਰਬ੍ਰਹਮੁ ਮਨਿ ਧਿਆਇਆ ॥ ਹਾਥੁ ਦੇਇ ਰਾਖੇ ਪਰਮੇਸੁਰਿ ਸਗਲਾ ਦੁਰਤੁ ਮਿਟਾਇਆ ॥ ੧॥ ਵਰ ਨਾਰੀ ਮਿਲਿ ਮੰਗਲੁ ਗਾਇਆ ਠਾਕੁਰ ਕਾ ਜੈਕਾਰੁ ॥ ਕਹੁ ਨਾਨਕ ਜਨ ਕਉ ਬਲਿ ਜਾਈਐ ਜੋ ਸਭਨਾ ਕਰੇ ਉਧਾਰੁ ॥ ੨॥੨੩॥ {ਪੰਨਾ 532}

ਪਦਅਰਥ:- ਠਾਕੁਰ—ਮਾਲਕ-ਪ੍ਰਭੂ ਜੀ। ਦਇਆਲ—ਦਇਆਵਾਨ। ਕਲਿਆਣ—ਸੁਖ, ਸ਼ਾਂਤੀ। ਅਨੰਦ-ਰੂਪ—ਆਨੰਦ-ਭਰਪੂਰ। ਹੋਈ ਹੈ—ਹੋ ਜਾਈਦਾ ਹੈ। ਉਬਰੇ—(ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ। ਬਾਲ ਗੁਪਾਲ—ਸ੍ਰਿਸ਼ਟੀ ਦੇ ਪਾਲਣਹਾਰ-ਪਿਤਾ ਦਾ ਪੱਲਾ ਫੜਨ ਵਾਲੇ ਬੱਚੇ। ਰਹਾਉ।

ਕਰ—{ਬਹੁ-ਵਚਨ} ਹੱਥ। ਜੋੜਿ—ਜੋੜ ਕੇ। ਮਨਿ—ਮਨ ਵਿਚ। ਪਰਮੇਸੁਰਿ—ਪਰਮੇਸਰ ਨੇ। ਦੁਰਤਿ—{duirq} ਪਾਪ।1।

ਵਰ ਨਾਰੀ ਮਿਲਿ—ਨਾਰੀਆਂ ਵਰ ਨੂੰ ਮਿਲ ਕੇ, ਗਿਆਨ-ਇੰਦ੍ਰੇ ਪ੍ਰਭੂ-ਪਤੀ ਨੂੰ ਮਿਲ ਕੇ। ਮੰਗਲੁ—ਖ਼ੁਸ਼ੀ ਦਾ ਗੀਤ, ਸਿਫ਼ਤਿ-ਸਾਲਾਹ ਦਾ ਗੀਤ। ਜੈਕਾਰੁ—ਜੈ ਜੈ ਦਾ ਸੋਹਿਲਾ। ਜਨ ਕਉ—ਪ੍ਰਭੂ ਦੇ ਸੇਵਕ ਤੋਂ। ਉਧਾਰ—ਪਾਰ-ਉਤਾਰਾ।2।

ਅਰਥ:- ਹੇ ਭਾਈ! ਆਪਣੇ ਜਿਸ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਦੇ ਅੰਦਰ ਪੂਰਨ ਸ਼ਾਂਤੀ ਪੈਦਾ ਹੋ ਜਾਂਦੀ ਹੈ। ਪ੍ਰਭੂ ਦੀ ਕਿਰਪਾ ਨਾਲ ਆਨੰਦ-ਭਰਪੂਰ ਹੋ ਜਾਈਦਾ ਹੈ। ਸ੍ਰਿਸ਼ਟੀ ਦੇ ਪਾਲਣਹਾਰ-ਪਿਤਾ ਦਾ ਪੱਲਾ ਫੜਨ ਵਾਲੇ ਬੱਚੇ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ। ਰਹਾਉ।

ਹੇ ਭਾਈ! ਜਿਨ੍ਹਾਂ ਵਡ-ਭਾਗੀਆਂ ਨੇ ਆਪਣੇ ਦੋਵੇਂ ਹੱਥ ਜੋੜ ਕੇ ਪਰਮਾਤਮਾ ਅੱਗੇ ਅਰਜ਼ੋਈ ਕੀਤੀ, ਪਰਮਾਤਮਾ ਨੂੰ ਆਪਣੇ ਮਨ ਵਿਚ ਆਰਾਧਿਆ, ਪਰਮਾਤਮਾ ਨੇ ਆਪਣਾ ਹੱਥ ਦੇ ਕੇ ਉਹਨਾਂ ਨੂੰ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲਿਆ, (ਉਹਨਾਂ ਦਾ ਪਿਛਲਾ ਕੀਤਾ) ਸਾਰਾ ਪਾਪ ਦੂਰ ਕਰ ਦਿੱਤਾ।3।

(ਹੇ ਭਾਈ ਜਿਸ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੋਏ, ਉਸ ਦੇ) ਗਿਆਨ-ਇੰਦ੍ਰਿਆਂ ਨੇ ਪ੍ਰਭੂ-ਪਤੀ ਨੂੰ ਮਿਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ। ਹੇ ਨਾਨਕ! ਆਖ—ਪ੍ਰਭੂ ਦੇ ਉਸ ਭਗਤ ਤੋਂ ਕੁਰਬਾਨ ਹੋਣਾ ਚਾਹੀਦਾ ਹੈ ਜੇਹੜਾ ਹੋਰ ਸਭ ਜੀਵਾਂ ਦਾ ਭੀ ਪਾਰ-ਉਤਾਰਾ ਕਰ ਲੈਂਦਾ ਹੈ।2। 23।